ਮਲਾਰ ਮਹਲਾ ੪ ॥ ਜਿਤਨੇ ਜੀਅ ਜੰਤ ਪ੍ਰਭਿ ਕੀਨੇ ਤਿਤਨੇ ਸਿਰਿ ਕਾਰ ਲਿਖਾਵੈ ॥ ਹਰਿ ਜਨ ਕਉ ਹਰਿ ਦੀਨ੍ਹ ਵਡਾਈ ਹਰਿ ਜਨੁ ਹਰਿ ਕਾਰੈ ਲਾਵੈ ॥੧॥ ਸਤਿਗੁਰੁ ਹਰਿ ਹਰਿ ਨਾਮੁ ਦ੍ਰਿੜਾਵੈ ॥ ਹਰਿ ਬੋਲਹੁ ਗੁਰ ਕੇ ਸਿਖ ਮੇਰੇ ਭਾਈ ਹਰਿ ਭਉਜਲੁ ਜਗਤੁ ਤਰਾਵੈ ॥ ੧॥ ਰਹਾਉ ॥ ਜੋ ਗੁਰ ਕਉ ਜਨੁ ਪੂਜੇ ਸੇਵੇ ਸੋ ਜਨੁ ਮੇਰੇ ਹਰਿ ਪ੍ਰਭ ਭਾਵੈ ॥ ਹਰਿ ਕੀ ਸੇਵਾ ਸਤਿਗੁਰੁ ਪੂਜਹੁ ਕਰਿ ਕਿਰਪਾ ਆਪਿ ਤਰਾਵੈ ॥੨॥ ਭਰਮਿ ਭੂਲੇ ਅਗਿਆਨੀ ਅੰਧੁਲੇ ਭ੍ਰਮਿ ਭ੍ਰਮਿ ਫੂਲ ਤੋਰਾਵੈ ॥ ਨਿਰਜੀਉ ਪੂਜਹਿ ਮੜਾ ਸਰੇਵਹਿ ਸਭ ਬਿਰਥੀ ਘਾਲ ਗਵਾਵੈ ॥ ੩॥ ਬ੍ਰਹਮੁ ਬਿੰਦੇ ਸੋ ਸਤਿਗੁਰੁ ਕਹੀਐ ਹਰਿ ਹਰਿ ਕਥਾ ਸੁਣਾਵੈ ॥ ਤਿਸੁ ਗੁਰ ਕਉ ਛਾਦਨ ਭੋਜਨ ਪਾਟ ਪਟੰਬਰ ਬਹੁ ਬਿਧਿ ਸਤਿ ਕਰਿ ਮੁਖਿ ਸੰਚਹੁ ਤਿਸੁ ਪੁੰਨ ਕੀ ਫਿਰਿ ਤੋਟਿ ਨ ਆਵੈ ॥੪॥ ਸਤਿਗੁਰੁ ਦੇਉ ਪਰਤਖਿ ਹਰਿ ਮੂਰਤਿ ਜੋ ਅੰਮ੍ਰਿਤ ਬਚਨ ਸੁਣਾਵੈ ॥ ਨਾਨਕ ਭਾਗ ਭਲੇ ਤਿਸੁ ਜਨ ਕੇ ਜੋ ਹਰਿ ਚਰਣੀ ਚਿਤੁ ਲਾਵੈ ॥੫॥੪॥ {ਪੰਨਾ 1263-1264}

ਪਦ ਅਰਥ:- ਜੀਅ—(ਲਫ਼ਜ਼ 'ਜੀਉ' ਤੋਂ ਬਹੁ-ਵਚਨ)। ਪ੍ਰਭਿ—ਪ੍ਰਭੂ ਨੇ। ਤਿਤਨੇ—ਉਹ ਸਾਰੇ। ਸਿਰਿ—(ਹਰੇਕ ਦੇ) ਸਿਰ ਉੱਤੇ। ਲਿਖਾਵੈ—ਲਿਖਾਂਦਾ ਹੈ। ਕਉ—ਨੂੰ। ਦੀਨ੍ਹ—ਦਿੱਤੀ ਹੈ। ਵਡਾਈ—ਇੱਜ਼ਤ। ਕਾਰੈ—ਕਾਰ ਵਿਚ। ਲਾਵੈ—ਜੋੜਦਾ ਹੈ।1।

ਦ੍ਰਿੜਾਵੈ—ਮਨ ਵਿਚ ਪੱਕਾ ਕਰਦਾ ਹੈ। ਗੁਰ ਕੇ ਸਿਖ—ਹੇ ਗੁਰੂ ਦੇ ਸਿਖੋ! ਭਾਈ! ਤੇ ਭਾਈਓ! ਭਉਜਲੁ ਜਗਤੁ—ਸੰਸਾਰ-ਸਮੁੰਦਰ। ਤਰਾਵੈ—ਪਾਰ ਲੰਘਾਂਦਾ ਹੈ।1। ਰਹਾਉ।

ਜੋ ਜਨੁ—ਜਿਹੜਾ ਮਨੁੱਖ। ਪੂਜੇ ਸੇਵੇ—ਪੂਜਦਾ ਹੈ ਸੇਵਾ ਕਰਦਾ ਹੈ। ਪ੍ਰਭ ਭਾਵੈ—ਪ੍ਰਭੂ ਨੂੰ ਪਿਆਰਾ ਲੱਗਦਾ ਹੈ। ਸੇਵਾ—ਭਗਤੀ। ਪੂਜਹੁ—ਪੂਜਾ ਕਰੋ। ਕਰਿ—ਕਰ ਕੇ।2।

ਭਰਮਿ—ਭਟਕਣਾ ਵਿਚ ਪੈ ਕੇ। ਭੂਲੇ—ਕੁਰਾਹੇ ਪਏ ਰਹਿੰਦੇ ਹਨ। ਅਗਿਆਨੀ—ਆਤਮਕ ਜੀਵਨ ਵਲੋਂ ਬੇ-ਸਮਝ ਬੰਦੇ। ਅੰਧੁਲੇ—(ਮਾਇਆ ਦੇ ਮੋਹ ਵਿਚ ਸਹੀ ਜੀਵਨ-ਰਾਹ ਵਲੋਂ) ਅੰਨ੍ਹੇ। ਭ੍ਰਮਿ ਭ੍ਰਮਿ—ਭਟਕ ਭਟਕ ਕੇ। ਤੋਰਾਵੈ—ਤੋਰੇ, ਤੋੜਦਾ ਹੈ। ਨਿਰਜੀਉ—ਬੇ-ਜਾਨ (ਪੱਥਰ ਦੀ ਮੂਰਤੀ)। ਮੜਾ—ਸਮਾਧਾਂ। ਬਿਰਥੀ—ਵਿਅਰਥ। ਘਾਲ—ਮਿਹਨਤ।3।

ਬ੍ਰਹਮੁ—ਪਰਮਾਤਮਾ। ਬਿੰਦੇ—ਜਾਣਦਾ ਹੈ, ਸਾਂਝ ਪਾਂਦਾ ਹੈ। ਛਾਦਨ—ਕੱਪੜੇ। ਪਾਟ ਪਟੰਬਰ—ਰੇਸ਼ਮ, ਰੇਸ਼ਮੀ ਕੱਪੜੇ (ਪਟ-ਅੰਬਰ। ਅੰਬਰ—ਕੱਪੜੇ)। ਸਤਿ ਕਰਿ—ਸਰਧਾ ਨਾਲ। ਮੁਖਿ—ਮੂੰਹ ਵਿਚ। ਸੰਚਹੁ—ਇਕੱਠੇ ਕਰੋ। ਮੁਖਿ ਸੰਚਹੁ—ਖਵਾਵੋ। ਤੋਟਿ—ਘਾਟ। ਪੁੰਨ—ਭਲਾ ਕੰਮ।4।

ਪਰਤਖਿ—ਅੱਖੀਂ ਦਿੱਸਦਾ। ਮੂਰਤਿ—ਸਰੂਪ। ਅੰਮ੍ਰਿਤ—ਆਤਮਕ ਜੀਵਨ ਦੇਣ ਵਾਲੇ।5।

ਅਰਥ:- ਹੇ ਭਾਈ! ਗੁਰੂ (ਮਨੁੱਖ ਦੇ) ਹਿਰਦੇ ਵਿਚ ਪਰਮਾਤਮਾ ਦਾ ਨਾਮ ਪੱਕੀ ਤਰ੍ਹਾਂ ਟਿਕਾ ਦੇਂਦਾ ਹੈ। (ਤਾਂ ਤੇ) ਹੇ ਗੁਰੂ ਕੇ ਸਿੱਖੋ! ਹੇ ਮੇਰੇ ਭਾਈਓ! (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦਾ ਨਾਮ ਜਪਿਆ ਕਰੋ। ਪਰਮਾਤਮਾ ਸੰਸਾਰ-ਸਮੁੰਦਰ ਤੋਂ ਪਾਰ ਲੰਘਾ ਲੈਂਦਾ ਹੈ।1। ਰਹਾਉ।

ਹੇ ਭਾਈ! ਜਿਤਨੇ ਭੀ ਜੀਵ ਜੰਤੂ ਪ੍ਰਭੂ ਨੇ ਪੈਦਾ ਕੀਤੇ ਹਨ, ਸਾਰੇ ਹੀ (ਐਸੇ ਹਨ ਕਿ) ਹਰੇਕ ਦੇ ਸਿਰ ਉੱਤੇ (ਹਰੇਕ ਦੇ ਕਰਨ ਲਈ) ਕਾਰ ਲਿਖ ਰੱਖੀ ਹੈ। (ਆਪਣੇ) ਭਗਤ ਨੂੰ ਪ੍ਰਭੂ ਨੇ ਇਹ ਵਡਿਆਈ ਬਖ਼ਸ਼ੀ ਹੁੰਦੀ ਹੈ ਕਿ ਪ੍ਰਭੂ ਆਪਣੇ ਭਗਤ ਨੂੰ ਨਾਮ ਸਿਮਰਨ ਦੀ ਕਾਰ ਵਿਚ ਲਾਈ ਰੱਖਦਾ ਹੈ।1।

ਹੇ ਭਾਈ! ਜਿਹੜਾ ਮਨੁੱਖ ਗੁਰੂ ਦਾ ਆਦਰ-ਸਤਿਕਾਰ ਕਰਦਾ ਹੈ ਗੁਰੂ ਦੀ ਸਰਨ ਪੈਂਦਾ ਹੈ, ਉਹ ਮਨੁੱਖ ਪਰਮਾਤਮਾ ਨੂੰ ਪਿਆਰਾ ਲੱਗਦਾ ਹੈ। ਹੇ ਭਾਈ! ਪਰਮਾਤਮਾ ਦੀ ਸੇਵਾ-ਭਗਤੀ ਕਰਿਆ ਕਰੋ, ਗੁਰੂ ਦੀ ਸਰਨ ਪਏ ਰਹੋ (ਜਿਹੜਾ

ਮਨੁੱਖ ਇਹ ਉੱਦਮ ਕਰਦਾ ਹੈ ਉਸ ਨੂੰ ਪ੍ਰਭੂ) ਮਿਹਰ ਕਰ ਕੇ ਆਪ ਪਾਰ ਲੰਘਾ ਲੈਂਦਾ ਹੈ।2।

ਹੇ ਭਾਈ! (ਗੁਰੂ ਪਰਮੇਸਰ ਨੂੰ ਭੁਲਾ ਕੇ) ਮਨੁੱਖ ਭਟਕ ਭਟਕ ਕੇ (ਮੂਰਤੀ ਆਦਿਕ ਦੀ ਪੂਜਾ ਵਾਸਤੇ) ਫੁੱਲ ਤੋੜਦਾ ਫਿਰਦਾ ਹੈ। (ਅਜਿਹੇ ਮਨੁੱਖ) ਭਟਕਣਾ ਦੇ ਕਾਰਨ ਕੁਹਾਹੇ ਪਏ ਰਹਿੰਦੇ ਹਨ, ਆਤਮਕ ਜੀਵਨ ਵਲੋਂ-ਬੇਸਮਝ ਟਿਕੇ ਰਹਿੰਦੇ ਹਨ, ਉਹਨਾਂ ਨੂੰ ਸਹੀ ਜੀਵਨ-ਰਾਹ ਨਹੀਂ ਦਿੱਸਦਾ। (ਉਹ ਅੰਨ੍ਹੇ ਮਨੁੱਖ) ਬੇ-ਜਾਨ (ਮੂਰਤੀਆਂ) ਨੂੰ ਪੂਜਦੇ ਹਨ, ਸਮਾਧਾਂ ਨੂੰ ਮੱਥੇ ਟੇਕਦੇ ਰਹਿੰਦੇ ਹਨ। (ਅਜਿਹਾ ਮਨੁੱਖ ਆਪਣੀ) ਸਾਰੀ ਮਿਹਨਤ ਵਿਅਰਥ ਗਵਾਂਦਾ ਹੈ।3।

ਹੇ ਭਾਈ! ਗੁਰੂ ਪਰਮਾਤਮਾ ਨਾਲ ਡੂੰਘੀ ਸਾਂਝ ਪਾਈ ਰੱਖਦਾ ਹੈ, ਜਗਤ ਉਸ ਨੂੰ ਗੁਰੂ ਆਖਦਾ ਹੈ, ਗੁਰੂ ਜਗਤ ਨੂੰ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦਾ ਉਪਦੇਸ਼ ਸੁਣਾਂਦਾ ਹੈ। ਹੇ ਭਾਈ! ਅਜਿਹੇ ਗੁਰੂ ਅੱਗੇ ਕਈ ਕਿਸਮਾਂ ਦੇ ਕੱਪੜੇ, ਖਾਣੇ ਰੇਸ਼ਮੀ ਕੱਪੜੇ ਸਰਧਾ ਨਾਲ ਭੇਟ ਕਰਿਆ ਕਰੋ। ਇਸ ਭਲੇ ਕੰਮ ਦੀ ਟੋਟ ਨਹੀਂ ਆਉਂਦੀ।4।

ਹੇ ਨਾਨਕ! (ਆਖ—ਹੇ ਭਾਈ!) ਜਿਹੜਾ ਗੁਰੂ ਆਤਮਕ ਜੀਵਨ ਦੇਣ ਵਾਲੇ (ਸਿਫ਼ਤਿ-ਸਾਲਾਹ ਦੇ) ਬਚਨ ਸੁਣਾਂਦਾ ਰਹਿੰਦਾ ਹੈ, ਉਹ ਤਾਂ ਸਾਫ਼ ਤੌਰ ਤੇ ਪਰਮਾਤਮਾ ਦਾ ਰੂਪ ਪਿਆ ਦਿੱਸਦਾ ਹੈ। ਉਸ ਮਨੁੱਖ ਦੇ ਚੰਗੇ ਭਾਗ ਹੁੰਦੇ ਹਨ ਜਿਹੜਾ (ਗੁਰੂ ਦੀ ਸਰਨ ਪੈ ਕੇ) ਪਰਮਾਤਮਾ ਦੇ ਚਰਨਾਂ ਵਿਚ ਚਿੱਤ ਜੋੜੀ ਰੱਖਦਾ ਹੈ।5।4।